ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਜ਼ਿਲ੍ਹੇ ਦੇ ਫ਼ਰਦ ਕੇਂਦਰਾਂ ਰਾਹੀਂ 1,01,959 ਜਮੀਨ ਮਾਲਕਾਂ ਨੂੰ ਜਮੀਨੀ ਰਿਕਾਰਡ ਦੇ 6,44,697 ਪੰਨੇ ਮੁਹੱਈਆ ਕਰਵਾਏ ਗਏ-ਕੁਲਦੀਪ ਸਿੰਘ ਵੈਦ**

- **ਫ਼ਰਦਾਂ ਤੋਂ ਕਰੀਬ 1.29 ਕਰੋੜ ਰੁਪਏ ਦੀ ਸਰਕਾਰੀ ਫ਼ੀਸ ਦੀ ਹੋਈ ਵਸੂਲੀ**
- **ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਫ਼ਰਦ ਕੇਂਦਰ, ਜਮੀਨ ਮਾਲਕਾਂ ਲਈ ਹੋ ਰਹੇ ਨੇ ਵਰਦਾਨ ਸਾਬਤ**

ਮੋਗਾ 20 ਮਈ::

ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਅਤੇ ਹੋਰ ਜ਼ਮੀਨ ਮਾਲਕਾਂ ਨੂੰ ਜ਼ਮੀਨੀ ਰਿਕਾਰਡ ਹਾਸਲ ਕਰਨ ਅਤੇ ਜਮੀਨ ਦੀਆਂ ਫ਼ਰਦਾਂ ਆਦਿ ਲੈਣ ਲਈ ਜ਼ਿਲ੍ਹਾ ਪੱਧਰ, ਸਬ-ਡਵੀਜ਼ਨ ਅਤੇ ਸਬ-ਤਹਿਸੀਲ ਪੱਧਰ 'ਤੇ ਖੋਲ੍ਹੇ ਗਏ ਫ਼ਰਦ ਕੇਂਦਰ ਜਮੀਨ ਮਾਲਕਾਂ ਲਈ ਕਾਰਗਰ ਸਾਬਤ ਹੋ ਰਹੇ ਹਨ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਫ਼ਰਦ ਕੇਂਦਰਾਂ ਰਾਹੀਂ ਜਮੀਨ ਮਾਲਕਾਂ ਨੂੰ 20 ਰੁਪਏ ਪ੍ਰਤੀ ਪੰਨਾ ਵਸੂਲ ਕੇ 15 ਮਿੰਟਾਂ 'ਚ ਫ਼ਰਦ ਮੁਹੱਈਆ ਕਰਵਾ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਚੱਲ ਰਹੇ 5 ਫ਼ਰਦ ਕੇਂਦਰਾਂ ਰਾਹੀਂ ਬੀਤੇ ਵਿੱਤੀ ਵਰ੍ਹੇ 2015-16 ਦੌਰਾਨ 1 ਅਪ੍ਰੈਲ, 2015 ਤੋਂ 31 ਮਾਰਚ, 2016 ਤੱਕ 1,01,959 ਜਮੀਨ ਮਾਲਕਾਂ ਨੂੰ ਜਮੀਨੀ ਰਿਕਾਰਡ ਦੇ 6,44,697 ਪੰਨੇ ਮੁਹੱਈਆ ਕਰਵਾਏ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਵਿੱਚ ਮੋਗਾ, ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ, ਧਰਮਕੋਟ ਅਤੇ ਬੱਧਨੀ ਕਲਾਂ ਵਿਖੇ ਫ਼ਰਦ ਕੇਂਦਰ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬੇ ਦੇ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਅਤੇ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਦੀ ਲੋਕਾਂ ਨੂੰ ਪਾਰਦਰਸ਼ੀ ਪ੍ਰਸ਼ਾਸ਼ਨ ਦੇਣ ਦੀ ਉਸਾਰੂ ਸੋਚ ਸਦਕਾ \ਰਦ ਕੇਂਦਰਾਂ ਰਾਹੀਂ ਆਮ ਲੋਕਾਂ ਨੂੰ ਸਿੱਧੇ ਤੌਰ 'ਤੇ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸ਼ਨ, ਜ਼ਿਲ੍ਹਾ ਵਾਸੀਆਂ ਨੂੰ ਸਾਫ਼-ਸੁਥਰਾ ਪ੍ਰਸ਼ਾਸ਼ਨ ਦੇਣ ਲਈ ਵਚਨਬੱਧ ਹੈ। ਇਸ ਮੌਕੇ ਫ਼ਰਦ ਕੇਂਦਰ ਜ਼ਿਲ੍ਹਾ ਸਿਸਟਮ ਮੈਨੇਜਰ ਸੁਰਿੰਦਰ ਅਰੋੜਾ ਵੀ ਮੌਜੂਦ ਸਨ।

ਸ. ਵੈਦ ਨੇ ਦੱਸਿਆ ਕਿ ਇਹ ਫ਼ਰਦ ਕੇਂਦਰ ਕਿਸਾਨਾਂ ਲਈ ਵਰਦਾਨ ਸਿੱਧ ਹੋ ਰਹੇ ਹਨ, ਕਿਉਂਕਿ ਜਮੀਨ ਮਾਲਕਾਂ ਨੂੰ ਹੁਣ ਫ਼ਰਦਾਂ ਆਦਿ ਲੈਣ ਲਈ ਪਟਵਾਰੀਆਂ ਜਾਂ ਮਾਲ ਵਿਭਾਗ ਦੇ ਹੋਰਨਾਂ ਦਫ਼ਤਰਾਂ ਦੇ ਚੱਕਰ ਕੱਟਣੇ ਨਹੀਂ ਪੈਂਦੇ, ਸਗੋਂ ਖੋਲ੍ਹੇ ਗਏ ਫ਼ਰਦ ਕੇਂਦਰਾਂ ਵਿੱਚ ਜ਼ਿਮੀਦਾਰ ਜਮੀਨੀ ਰਿਕਾਰਡ ਜਾਂ ਫ਼ਰਦ ਦੀ ਨਕਲ ਆਦਿ ਨਾ-ਮਾਤਰ ਫ਼ੀਸ ਦੀ ਅਦਾਇਗੀ ਕਰਕੇ ਮਿੰਟਾਂ ਵਿੱਚ ਹੀ ਹਾਸਲ ਕਰ ਲੈਂਦੇ ਹਨ, ਜਿਸ ਨਾਲ ਹੁਣ ਲੋਕਾਂ ਨੂੰ ਖੱਜਲ-ਖੁਆਰ ਨਹੀਂ ਹੋਣਾ ਪੈਂਦਾ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਫ਼ਰਦ ਕੇਂਦਰਾਂ 'ਚ ਜਿੱਥੇ ਲੋਕਾਂ ਦਾ ਸਮਾਂ ਬਰਬਾਦ ਨਹੀਂ ਹੁੰਦਾ, ਉੱਥੇ ਬਿਨ੍ਹਾਂ ਕਿਸੇ ਰਿਸ਼ਵਤ ਦਿੱਤਿਆਂ ਪਾਰਦਰਸ਼ੀ ਤੇ ਆਸਾਨ ਢੰਗ ਨਾਲ ਜਮੀਨ ਮਾਲਕ ਨੂੰ ਜਮੀਨੀ ਰਿਕਾਰਡ ਦੀ ਨਕਲ ਪ੍ਰਾਪਤ ਹੋ ਜਾਂਦੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 1 ਅਪ੍ਰੈਲ, 2015 ਤੋਂ 31 ਮਾਰਚ, 2016 ਤੱਕ ਜ਼ਿਲ੍ਹਾ ਪੱਧਰੀ ਫ਼ਰਦ ਕੇਂਦਰ ਮੋਗਾ ਤੋਂ 30,328 ਜਮੀਨ ਮਾਲਕਾਂ ਨੂੰ 1,84,192 ਪੰਨੇ ਨਕਲਾਂ ਜਾਰੀ ਕੀਤੀਆਂ ਗਈਆਂ। ਇਸ ਤੋਂ ਇਲਾਵਾ ਫ਼ਰਦ ਕੇਂਦਰ ਬਾਘਾਪੁਰਾਣਾ ਤੋਂ 23,628 ਜਮੀਨ ਮਾਲਕਾਂ ਨੂੰ 1,65,926 ਪੰਨੇ, ਨਿਹਾਲ ਸਿੰਘ ਵਾਲਾ ਤੋਂ 17,022 ਜਮੀਨ ਮਾਲਕਾਂ ਨੂੰ 1,03,843 ਪੰਨੇ, ਧਰਮਕੋਟ ਤੋਂ 23,976 ਜਮੀਨ ਮਾਲਕਾਂ ਨੂੰ 1,57,511 ਪੰਨੇ ਅਤੇ ਫ਼ਰਦ ਕੇਂਦਰ ਬੱਧਨੀ ਕਲਾਂ ਤੋਂ 7,005 ਜਮੀਨ ਮਾਲਕਾਂ ਨੂੰ 33,225 ਪੰਨੇ ਨਕਲਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਫ਼ਰਦਾਂ ਤੋਂ 1,28,93,940 ਰੁਪਏ ਦੀ ਸਰਕਾਰੀ ਫ਼ੀਸ ਦੀ ਵਸੂਲੀ ਹੋਈ ਹੈ। ਜ਼ਿਲ੍ਹਾ ਸਿਸਟਮ ਮੈਨੇਜਰ ਪੰਜਾਬ ਲੈਂਡ ਰਿਕਾਰਡ ਸੋਸਾਇਟੀ ਸੁਰਿੰਦਰ ਅਰੋੜਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਫ਼ਰਦ ਕੇਂਦਰਾਂ ਤੋਂ ਕਿਸਾਨਾਂ ਨੂੰ ਵਿਸ਼ੇਸ਼ ਸਟੇਸ਼ਨਰੀ ਤੇ ਪ੍ਰਿੰਟ ਕੀਤੀ ਹੋਈ ਤਸਦੀਕ-ਸ਼ੁਦਾ ਕਾਪੀ ਮੁਹੱਈਆ ਕਰਵਾਈ ਜਾਂਦੀ ਹੈ।

------------

ਨੰ: ਪੀ.ਆਰ(ਪ੍ਰੈ ਰੀ)2016/235


CENTRE

